# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :23-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਦੂਜੇ ਨਾਗਰਿਕ ਸਨਮਾਨ ਸਮਾਰੋਹ ਵਿੱਚ 'ਪਦਮ ਪੁਰਸਕਾਰ' ਪ੍ਰਦਾਨ ਕੀਤੇ- ਡੇਰਾ ਸੱਚਖੰਡ ਬੱਲਾਂ ਤੋਂ ਅਧਿਆਤਮਿਕ ਗੁਰੂ ਸੰਤ ਨਿਰਜਨ ਦਾਸ ਜੀ ਅਤੇ ਚੰਡੀਗੜ੍ਹ ਤੋਂ ਇੰਦਰਜੀਤ ਸਿੰਘ ਸਿੱਧੂ ਨੂੰ 'ਪਦਮ ਸ਼੍ਰੀ' ਨਾਲ ਨਵਾਜ਼ਿਆ ਗਿਆ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਵਿੱਚ ਨਵ-ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ।

- ਪੰਜਾਬ ਸਰਕਾਰ ਵਲੋਂ ਦਿਵਿਆਂਗਜਨਾ ਦੀ ਆਰਥਿਕ ਸੁਰੱਖਿਆ ਲਈ ਚਾਲੂ ਵਿੱਤੀ ਸਾਲ ਦੌਰਾਨ 125 ਕਰੋੜ ਤੋਂ ਵੱਧ ਦੀ ਰਾਸ਼ੀ ਜਾਰੀ।

- ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਦੇ ਅਚਨਚੇਤ ਨਿਰੀਖਣ ਪਿੱਛੋਂ ਸਫਾਈ ਵਿੱਚ ਊਣਤਾਈਆਂ ਕਰਕੇ ਮੋਗਾ ਦੇ ਨਗਰ ਨਿਗਮ ਕਮਿਸ਼ਨਰ ਨੂੰ ਕਾਰਨ ਦੱਸੋ ਨੋਟਿਸ ਜਾਰੀ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ 26 ਜੂਨ ਤੱਕ ਗਰਜ-ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਬਾਰੇ ਯੈਲੋ ਅਲਰਟ ਜਾਰੀ ।

**<u>ਹੁਣ ਖ਼ਬਰਾਂ ਵਿਸਥਾਰ ਨਾਲ ।</u>**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਦੂਜੇ ਨਾਗਰਿਕ ਸਨਮਾਨ ਸਮਾਰੋਹ ਵਿੱਚ 'ਪਦਮ ਪੁਰਸਕਾਰ' ਪ੍ਰਦਾਨ ਕੀਤੇ । ਅੱਜ ਕੁੱਲ 65 ਪੁਰਸਕਾਰ ਪ੍ਰਦਾਨ ਕੀਤੇ ਗਏ , ਜਿਨ੍ਹਾਂ ਵਿੱਚ ਦੋ ਪਦਮ ਵਿਭੂਸ਼ਣ, ਸੱਤ ਪਦਮ ਭੂਸ਼ਣ ਅਤੇ 56 ਪਦਮ ਸ਼੍ਰੀ ਸ਼ਾਮਲ ਨੇ । ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ਼੍ਰੀ ਦੇਸ਼ ਦੇ ਸਭ ਤੋਂ ਉੱਚੇ ਨਾਗਰਿਕ ਸਨਮਾਨਾਂ ਵਿੱਚੋਂ ਇੱਕ ਨੇ. ਅੱਜ, ਰਾਸ਼ਟਰਪਤੀ ਨੇ 65 ਪ੍ਰਸਿੱਧ ਸ਼ਖਸੀਅਤਾਂ ਨੂੰ ਪਦਮ ਪੁਰਸਕਾਰ ਪ੍ਰਦਾਨ ਕੀਤੇ । ਇਨ੍ਹਾਂ ਵਿੱਚ ਟੈਨਿਸ ਦੇ ਮਹਾਨ ਖਿਡਾਰੀ ਵਿਜੇ ਅੰਮ੍ਰਿਤਰਾਜ, ਅਦਾਕਾਰ ਮਮੂਟੀ, ਗਾਇਕਾ ਅਲਕਾ ਯਾਗਨਿਕ ਅਤੇ ਭਾਰਤੀ ਕ੍ਰਿਕੇਟ ਟੀਮ ਦੇ ਕਪਤਾਨ ਰੋਹਿਤ

ਸ਼ਰਮਾ  ਵਰਗੀਆਂ ਪ੍ਰਮੁੱਖ ਹਸਤੀਆਂ ਸ਼ਾਮਲ ਨੇ। ਅੱਜ ਸਨਮਾਨਿਤ ਹੋਣ ਵਾਲਿਆਂ ਵਿਚ ਡੇਰਾ ਸੱਚਖੰਡ ਬੱਲਾਂ ਦੇ ਅਧਿਆਤਮਿਕ ਗੁਰੂ ਸੰਤ ਨਿਰਜਨ ਦਾਸ ਜੀ , ਜੋ ਸਰਵਣ ਦਾਸ ਸੰਸਥਾਵਾਂ ਰਾਹੀਂ ਸਮਾਜ ਭਲਾਈ ਦੇ ਕਾਰਜ ਕਰਦੇ ਨੇ ਅਤੇ ਸੱਤਰ ਸਾਲਾਂ ਤੋਂ ਵੱਧ ਸਮੇਂ ਤੋਂ ਦੁਨੀਆ ਭਰ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਦਾ ਪਸਾਰ ਕਰ ਰਹੇ ਨੇ

BYTE:

ਚੰਡੀਗੜ੍ਹ ਤੋਂ ਸ੍ਰੀ ਇੰਦਰਜੀਤ ਸਿੰਘ ਸਿੱਧੂ ਸਾਬਕਾ IPS ਅਧਿਕਾਰੀ ਜਿੰਨਾਂ ਨੂੰ 'ਝਾੜੂ ਯੋਧਾ' ਵੀ ਕਿਹਾ ਜਾਂਦਾ ਏ ਉਹਨਾਂ ਸੇਵਾ-ਮੁਕਤ ਹੋਣ ਤੋਂ ਬਾਅਦ ਆਪਣੇ ਆਪ ਨੂੰ ਸਵੱਛਤਾ ਨੂੰ ਉਤਸ਼ਾਹਿਤ ਕਰਨ ਲਈ ਸਮਰਪਿਤ ਕਰ ਦਿੱਤਾ ਸਵੱਛਤਾ ਪ੍ਰਤੀ ਆਪਣੀ ਮਜ਼ਬੂਤ ਪ੍ਰਤੀਬਧੱਤਾ ਲਈ ਉਹਨਾਂ  ਦੇਸ਼ ਭਰ ਚੋ ਪ੍ਰਸ਼ੰਸ਼ਾ ਖੱਟੀ ਏ।

BYTE

1954 ਵਿੱਚ ਸ਼ੁਰੂ ਕੀਤੇ ਗਏ ਇਨ੍ਹਾਂ ਪੁਰਸਕਾਰਾਂ  ਦਾ ਐਲਾਨ ਹਰ ਸਾਲ ਗਣਤੰਤਰ ਦਿਵਸ 'ਤੇ ਕੀਤਾ ਜਾਂਦਾ ਏ। ਪਦਮ ਪੁਰਸਕਾਰ, ਕਲਾ, ਸਾਹਿਤ, ਸਿੱਖਿਆ, ਖੇਡਾਂ, ਦਵਾ, ਸਮਾਜਿਕ ਕਾਰਜ, ਵਿਗਿਆਨ, ਲੋਕ ਪ੍ਰਸ਼ਾਸਨ ਅਤੇ ਵਪਾਰ ਤੇ ਸਨਅਤ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਅਤੇ ਵਿਲੱਖਣ ਯੋਗਦਾਨ ਨੂੰ ਮਾਨਤਾ ਦੇਣ ਲਈ ਦਿੱਤੇ ਜਾਂਦੇ ਨੇ।

---------------------------------------------------------------

ਉਪ-ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਉਪ ਰਾਸ਼ਟਰਪਤੀ ਨੇ ਡਾ. ਮੁਖਰਜੀ ਨੂੰ ਇੱਕ ਦੂਰਦਰਸ਼ੀ ਨੇਤਾ, ਇੱਕ ਪ੍ਰਸਿੱਧ ਸਿੱਖਿਆ ਸ਼ਾਸਤਰੀ ਅਤੇ ਇੱਕ ਦੇਸ਼ ਭਗਤ ਦੱਸਿਆ। ਉਨ੍ਹਾਂ ਕਿਹਾ ਕਿ ਡਾ. ਮੁਖਰਜੀ ਨੇ ਨਿਡਰਤਾ ਨਾਲ ਦੇਸ਼ ਦੀ ਏਕਤਾ ਅਤੇ ਅਖੰਡਤਾ ਦਾ ਸਮਰਥਨ ਕੀਤਾ। ਉਪ ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਅਤੇ ਇੱਕ ਮਜ਼ਬੂਤ, ਵਿਕਸਤ ਭਾਰਤ ਬਣਾਉਣ ਲਈ ਅਟੱਲ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਨੇ ਆਪਣਾ ਜੀਵਨ ਦੇਸ਼ ਦੇ ਵਿਕਾਸ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਡਾ. ਮੁਖਰਜੀ ਦਾ ਅਟੱਲ ਵਿਸ਼ਵਾਸ, ਜਨਤਕ ਜੀਵਨ ਵਿੱਚ ਹਿੰਮਤ ਅਤੇ ਰਾਸ਼ਟਰੀ ਹਿੱਤ ਪ੍ਰਤੀ ਵਚਨਬੱਧਤਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ।   ਇਸੇ ਦੌਰਾਨ ਪਠਾਨਕੋਟ 'ਚ ਵੀ BJP ਵਰਕਰਾਂ ਨੇ ਮਾਧੋਪੁਰ ਵਿੱਚ ਏਕਤਾ ਸਥਲ ਯਾਦਗਾਰ ਵਿਖੇ ਜਨ ਸੰਘ ਦੇ ਸੰਸਥਾਪਕ ਡਾ. ਸ਼ਿਆਮਾ ਪ੍ਰਸਾਦ ਮੁਖਰਜੀ ਦਾ ਸ਼ਹੀਦੀ ਦਿਵਸ ਮਨਾਇਆ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

---------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਨਵੀਂ ਦਿੱਲੀ ਵਿੱਚ ਮੌਸਮ 'ਤੇ ਐਲ ਨੀਨੋ ਪ੍ਰਭਾਵ ਅਤੇ ਖੇਤੀਬਾੜੀ 'ਤੇ ਇਸਦੇ ਅਸਰ ਦੇ ਮੱਦੇਨਜ਼ਰ ਇੱਕ ਜਾਇਜ਼ਾ ਮੀਟਿੰਗ ਕੀਤੀ। ਮੀਟਿੰਗ ਵਿੱਚ ਕਈ ਸੂਬਿਆਂ ਦੇ ਖੇਤੀਬਾੜੀ ਮੰਤਰੀਆਂ, ਸਕੱਤਰਾਂ, ਜ਼ਿਲ੍ਹਾ ਕੁਲੈਕਟਰਾਂ ਅਤੇ ਅਧਿਕਾਰੀਆਂ ਨੇ ਸ਼ਿਰਕਤ ਕੀਤੀ। ਵਿਚਾਰ-ਵਟਾਂਦਰੇ ਦੌਰਾਨ, ਘੱਟ ਬਾਰਿਸ਼ ਦੀ ਸਥਿਤੀ ਵਿੱਚ ਜ਼ਰੂਰੀ ਤਿਆਰੀਆਂ, ਵਿਕਲਪਿਕ ਫਸਲ ਯੋਜਨਾਵਾਂ ਅਤੇ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ 'ਤੇ ਧਿਆਨ ਕੇਂਦਰਿਤ ਕੀਤਾ ਗਿਆ.

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਸੂਬੇ ਵਿੱਚ ਪਾਰਦਰਸ਼ੀ ਅਤੇ ਯੋਗਤਾ ਆਧਾਰਿਤ ਭਰਤੀ ਪ੍ਰਣਾਲੀ ਕਾਰਨ ਪੰਜਾਬ, ਸਰਕਾਰੀ ਨੌਕਰੀਆਂ ਲਈ ਦੇਸ਼ ਦੇ ਮੋਹਰੀ ਸੂਬਿਆਂ ਵਿੱਚ ਸ਼ਾਮਿਲ ਹੋ ਗਿਆ ਏ । ਅੱਜ ਮਾਨਸਾ ਵਿਖੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਵਿੱਚ ਨਵ-ਨਿਯੁਕਤ 665 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਾਢੇ ਚਾਰ ਸਾਲਾਂ ਦੌਰਾਨ 68 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਕੇ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਏ । ਉਨ੍ਹਾਂ ਨਵ-ਨਿਯੁਕਤ ਕਰਮਚਾਰੀਆਂ ਨੂੰ ਇਮਾਨਦਾਰੀ ਅਤੇ ਸੇਵਾ ਭਾਵਨਾ ਨਾਲ ਕੰਮ ਕਰਨ ਦਾ ਸੱਦਾ ਦਿਤਾ । ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹੁਣ ਨੌਕਰੀਆਂ

ਸਿਰਫ ਯੋਗਤਾ ਅਤੇ ਮੈਰਿਟ ਦੇ ਆਧਾਰ ’ਤੇ ਦਿੱਤੀਆਂ ਜਾ ਰਹੀਆਂ ਹਨ ਅਤੇ ਅੱਜ ਤੱਕ ਕਿਸੇ ਵੀ ਭਰਤੀ ਨੂੰ ਅਦਾਲਤ ਵਿੱਚ ਚੁਣੌਤੀ ਨਹੀਂ ਮਿਲੀ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵਿਦੇਸ਼ਾਂ ਵਿੱਚ ਰਹਿ ਰਹੇ ਆਪਣੇ ਦੋਸਤਾਂ ਅਤੇ ਰਿਸ਼ਤੇਦਾਰਾਂ ਨੂੰ ਪੰਜਾਬ ਵਾਪਸ ਆਉਣ ਲਈ ਪ੍ਰੇਰਿਤ ਕਰਨ ਕਿਉਂਕਿ ਸੂਬੇ ਵਿੱਚ ਰੁਜ਼ਗਾਰ ਅਤੇ ਵਿਕਾਸ ਦੇ ਨਵੇਂ ਮੌਕੇ ਉਪਲਬਧ ਹਨ।

---------------------------------------------------------------

ਪੰਜਾਬ ਸਰਕਾਰ ਵੱਲੋਂ ਮਈ-2026 ਤੱਕ ਦਿਵਿਆਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਦੇ ਰੂਪ ਵਿੱਚ 125 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਏ । ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਵਿਭਾਗ ਵੱਲੋਂ ਦਿਵਿਆਂਗ ਵਿਅਕਤੀਆਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਪ੍ਰਗਤੀ ਸਾਂਝੀ ਕਰਦਿਆਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਇਸ ਨੇਕ ਕਾਰਜ ਨੂੰ ਨਿਰੰਤਰ ਜਾਰੀ ਰੱਖਣ ਲਈ ਪਹਿਲਾਂ ਹੀ 498 ਕਰੋੜ ਰੁਪਏ ਦੀ ਵੱਡੀ ਰਾਸ਼ੀ ਦਾ ਵਿਸ਼ੇਸ਼ ਬਜਟ ਉਪਬੰਧ ਕਰਵਾਇਆ ਗਿਆ ਏ । ਉਨ੍ਹਾਂ ਦੱਸਿਆ ਕਿ ਇਸ ਲੋਕ-ਪੱਖੀ ਯੋਜਨਾ ਦਾ ਸਿੱਧਾ ਲਾਭ ਸੂਬੇ ਦੇ 2 ਲੱਖ 83 ਹਜ਼ਾਰ ਤੋਂ ਵੱਧ ਲਾਭਪਾਤਰੀਆਂ ਨੂੰ ਮਿਲ ਰਿਹਾ ਏ ਤਾਂ ਜੋ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਕਿਸੇ ਦੇ ਸਹਾਰੇ ਨਾ ਰਹਿਣਾ ਪਵੇ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਦਾ

ਲਾਭ ਲੈਣ ਲਈ ਉਹ ਦਿਵਿਆਂਗ ਵਿਅਕਤੀ ਯੋਗ ਹੋਣਗੇ, ਜਿਨ੍ਹਾਂ ਦੀ ਸਾਲਾਨਾ ਆਮਦਨ 60, ਹਜ਼ਾਰ ਰੁਪਏ ਜਾਂ ਇਸ ਤੋਂ ਘੱਟ ਏ। ਇਸ ਦੇ ਨਾਲ ਹੀ ਬਿਨੈਕਾਰ ਘੱਟੋ-ਘੱਟ 50 ਫੀਸਦੀ ਦਿਵਿਆਂਗਤਾ ਦੀ ਸ਼੍ਰੇਣੀ ਵਿੱਚ ਆਉਂਦਾ ਹੋਵੇ। ਉਨ੍ਹਾਂ ਦਸਿਆ ਕਿ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਗਏ ਨੇ ਕਿ ਲਾਭਪਾਤਰੀਆਂ ਨੂੰ ਮਿਲਣ ਵਾਲੀ ਵਿੱਤੀ ਸਹਾਇਤਾ ਹਰ ਮਹੀਨੇ ਬਿਨਾਂ ਕਿਸੇ ਦੇਰੀ ਦੇ ਸਮੇਂ ਸਿਰ ਜਾਰੀ ਹੋਣੀ ਚਾਹੀਦੀ ਏ , ਤਾਂ ਜੋ ਕਿਸੇ ਵੀ ਵਿਅਕਤੀ ਨੂੰ ਆਪਣੀਆਂ ਰੋਜ਼ਾਨਾ ਦੀਆਂ ਲੋੜਾਂ ਲਈ ਪ੍ਰੇਸ਼ਾਨ ਨਾ ਹੋਣਾ ਪਵੇ।

---------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ ਸਵੇਰੇ ਅਚਨਚੇਤ ਨਿਰੀਖਣ ਤੋਂ ਬਾਅਦ ਮੋਗਾ ਨਗਰ ਨਿਗਮ ਕਮਿਸ਼ਨਰ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਦੇ ਹੁਕਮ ਦਿੱਤੇ ਨੇ । ਜ਼ਿਕਰਯੋਗ ਏ ਕਿ ਨਿਰੀਖਣ ਦੌਰਾਨ ਸ਼ਹਿਰ ਭਰ ਵਿੱਚ ਸਫਾਈ ਵਿੱਚ ਕਾਫੀ ਊਣਤਾਈਆਂ ਪਾਈਆਂ ਗਈਆਂ ਸਨ। ਅੱਜ ਮੋਗਾ ਸ਼ਹਿਰ ਵਿੱਚ ਨਿਰੀਖਣ ਦੌਰਾਨ ਹਰਜੋਤ ਸਿੰਘ ਬੈਂਸ ਨੇ ਵਸਨੀਕਾਂ ਨਾਲ ਗੱਲਬਾਤ ਕੀਤੀ ਅਤੇ ਸ਼ਹਿਰ ਭਰ ਵਿੱਚ ਖੁੱਲ੍ਹੇ ਕੂੜੇ ਵਾਲੀਆਂ ਥਾਵਾਂ ਨੂੰ ਦੇਖਿਆ। ਮੰਤਰੀ ਨੇ ਕਿਹਾ, ਕਿ ਸਫਾਈ ਵਿੱਚ ਕੁਤਾਹੀ ਜਾਂ ਅਣਗਹਿਲੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਉਲੰਘਣਾ ਕਰਨ ਵਾਲੇ ਅਧਿਕਾਰੀਆਂ ਦੀ ਜਵਾਬਦੇਹੀ ਤੈਅ ਕੀਤੀ

ਜਾਵੇਗੀ। ਉਨ੍ਹਾਂ ਕਿਹਾ ਕਿ ਸ਼ਹਿਰਾਂ ਵਿੱਚ ਅਚਨਚੇਤ ਨਿਰੀਖਣ ਜਾਰੀ ਰਹਿਣਗੇ ਅਤੇ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਨੂੰ ਜ਼ਿੰਮੇਵਾਰ ਮੰਨਿਆ ਜਾਵੇਗਾ।

---------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਗਠਿਤ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਵਜੋਂ ਚਾਰ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਉਨ੍ਹਾਂ ਦੇ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕਰਨ ਲਈ ਮੀਟਿੰਗ ਕੀਤੀ। ਅੱਜ ਚੰਡੀਗੜ੍ਹ ਸਥਿਤ ਦਫ਼ਤਰ ਵਿਖੇ ਉੱਚ ਪੱਧਰੀ ਮੀਟਿੰਗਾਂ ਦੌਰਾਨ ਵੱਖ-ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਸੌਂਪੇ ਗਏ ਮੰਗ ਪੱਤਰਾਂ ਦੀ ਸਮੀਖਿਆ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ ਮੁਲਾਜ਼ਮਾਂ ਵੱਲੋਂ ਉਠਾਈਆਂ ਗਈਆਂ ਸਾਰੀਆਂ ਜਾਇਜ਼ ਮੰਗਾਂ 'ਤੇ ਹਮਦਰਦੀ ਪੂਰਵਕ ਅਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਵਿਭਾਗੀ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੇ ਮੁਲਾਜ਼ਮਾਂ ਨੂੰ ਸਮੇਂ ਸਿਰ ਰਾਹਤ ਦੇਣ ਲਈ ਪਹਿਲਾਂ ਤੋਂ ਵਿਚਾਰ ਅਧੀਨ ਮਾਮਲਿਆਂ ਦੀ ਪ੍ਰਸ਼ਾਸਕੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇ।

---------------------------------------------------------

ਪੰਜਾਬ ਸਰਕਾਰ ਵੱਲੋਂ ਕੱਲ ਨੂੰ ਮੋਹਾਲੀ ਸਥਿਤ ਐਮਿਟੀ ਯੂਨੀਵਰਸਿਟੀ, ਵਿਖੇ "ਐਨ.ਆਰ.ਆਈ. ਮਿਲਣੀ-2026" ਦਾ ਆਯੋਜਨ ਕੀਤਾ ਜਾ ਰਿਹਾ ਏ। ਪੰਜਾਬ ਦੇ ਐਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨਾਲ ਆਪਣੇ ਸਬੰਧ ਹੋਰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਦਾ ਹਿੱਸਾ ਏ। ਉਨ੍ਹਾਂ ਕਿਹਾ ਕਿ "ਐਨ.ਆਰ.ਆਈ. ਮਿਲਣੀ 2026" ਐਨ.ਆਰ.ਆਈਜ਼ ਅਤੇ ਪੰਜਾਬ ਸਰਕਾਰ ਦਰਮਿਆਨ ਸਿੱਧੇ ਸੰਵਾਦ ਲਈ ਇੱਕ ਮਹੱਤਵਪੂਰਨ ਮੰਚ ਸਾਬਤ ਹੋਵੇਗੀ, ਜਿੱਥੇ ਭਾਗੀਦਾਰ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਸਾਂਝੇ ਕਰ ਸਕਣਗੇ ਅਤੇ ਆਪਣੇ ਜ਼ਿਲ੍ਹਿਆਂ ਅਤੇ ਸੂਬੇ ਨਾਲ ਸਬੰਧਤ ਮਾਮਲਿਆਂ ਦੇ ਹੱਲ ਲਈ ਸਰਕਾਰ ਨਾਲ ਸਿੱਧੀ ਗੱਲਬਾਤ ਕਰ ਸਕਣਗੇ।

-------------------------------------------------------

ਕੇਂਦਰ ਸਰਕਾਰ ਦੇ ਸੂਖਮ, ਲਘੂ ਤੇ ਦਰਮਿਆਨੇ ਉਦਯੋਗਾਂ ਬਾਰੇ ਵਿਭਾਗ ਤਹਿਤ ਨੈਸ਼ਨਲ SC-ST ਹੱਬ, ਲੁਧਿਆਣਾ ਵੱਲੋਂ ਦਲਿਤ ਇੰਡਿਅਨ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਦੇ ਸਹਿਯੋਗ ਨਾਲ ਸ੍ਰੀ ਮੁਕਤਸਰ ਸਾਹਿਬ, ਵਿਖੇ ਕੱਲ 24 ਜੂਨ ਨੂੰ 'ਉੱਦਮੀ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ' ਆਯੋਜਿਤ ਕੀਤਾ ਜਾ ਰਿਹਾ ਏ।

ਇਸਦਾ ਉਦੇਸ਼ ਮੌਜੂਦਾ ਅਤੇ ਚਾਹਵਾਨ ਐਸ.ਸੀ.-ਐਸ.ਟੀ. ਉੱਦਮੀਆਂ ਵਿੱਚ ਵਪਾਰਕ ਮੌਕਿਆਂ ਅਤੇ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨਾ ਏ । ਇਸ ਪ੍ਰੋਗਰਾਮ ਦਾ ਆਯੋਜਨ ਭਾਗੀਦਾਰਾਂ ਨੂੰ ਵੱਖ-ਵੱਖ ਸਰਕਾਰੀ ਯੋਜਨਾਵਾਂ, ਵਿੱਤੀ ਸਹਾਇਤਾ ਪ੍ਰਣਾਲੀਆਂ ਅਤੇ ਕਾਰੋਬਾਰ ਵਿਕਾਸ ਰਣਨੀਤੀਆਂ ਬਾਰੇ ਜਾਣਕਾਰੀ ਦੇਣ ਲਈ ਕੀਤਾ ਜਾ ਰਿਹਾ ਏ । ਇਸ ਮੌਕੇ ਵੱਖ-ਵੱਖ ਸੰਸਥਾਵਾਂ ਦੇ ਮਾਹਿਰ ਅਤੇ ਨੁਮਾਇੰਦੇ ਹਾਜ਼ਰ ਹੋਣਗੇ ।

ਇਸ ਦੌਰਾਨ ਭਾਗੀਦਾਰਾਂ ਨੂੰ ਆਪਣੇ ਉੱਦਮ ਸ਼ੁਰੂ ਕਰਨ ਅਤੇ ਚਲਾਉਣ ਸੰਬੰਧੀ ਵਿਹਾਰਕ ਜਾਣਕਾਰੀ ਪ੍ਰਾਪਤ ਹੋਵੇਗੀ।

---------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਸੂਬੇ ਚ ਖੁਰਾਕ ਸੁਰੱਖਿਆ ਨੂੰ ਮਿੱਟੀ ਦੀ ਉਪਜਾਊ ਸ਼ਕਤੀ ਨਾਲ ਜੋੜਨ ਦੇ ਮਿਸ਼ਨ ਨੂੰ ਜਾਰੀ ਰੱਖਦਿਆਂ ਰੀਜਨਰੇਟਿੰਗ ਪੰਜਾਬ ਸੰਸਥਾ ਨਾਲ ਮਿਲ ਕੇ ਵਿਸਥਾਰਿਤ ਵਿਚਾਰ-ਚਰਚਾ ਕੀਤੀ ਤਾਂ ਜੋ ਸਾਰੇ ਭਾਈਵਾਲਾਂ ਦੀ ਸਰਗਰਮ ਭਾਗੀਦਾਰੀ ਨਾਲ ਇਸ ਸਬੰਧੀ ਭਵਿੱਖਮੁਖੀ ਰਣਨੀਤੀ ਉਲੀਕੀ ਜਾ ਸਕੇ। ਕਮਿਸ਼ਨ ਦੇ ਚੇਅਰਮੈਨ  ਬਾਲ ਮੁਕੰਦ ਸ਼ਰਮਾ ਨੇ ਇਸ ਦੌਰਾਨ ਖੇਤੀਬਾੜੀ, ਪਾਣੀ, ਸਿਹਤ ਅਤੇ ਜਲਵਾਯੂ ਦੇ ਆਪਸ ਵਿੱਚ ਡੂੰਘਾਈ ਨਾਲ ਜੁੜੇ ਹੋਣ ’ਤੇ ਜ਼ੋਰ ਦਿੱਤਾ ਗਿਆ। ਰੀਜਨਰੇਟਿੰਗ ਪੰਜਾਬ ਦੀ ਸੰਸਥਾਪਕ ਸੁਮੀਤ ਸੰਧੂ ਨਾਲ ਮਿਲ ਕੇ 'ਜੀਵਿਤ ਮਿੱਟੀ ਮਿਸ਼ਨ' ਅਤੇ 'ਧਰਤੀ ਦੀਆਂ ਧੀਆਂ' ਵਰਗੇ ਨਵੇਂ ਸੰਕਲਪਾਂ ਦੀ ਸ਼ੁਰੂਆਤ ਕਰਦਿਆਂ ਚੇਅਰਮੈਨ ਨੇ ਮਿੱਟੀ ਦੀ

ਸਿਹਤ ਨੂੰ ਸੁਰਜੀਤ ਕਰਨ ਅਤੇ ਇਸ ਨੂੰ ਬਿਹਤਰ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ । ਕਮਿਸ਼ਨ ਦੇ ਚੇਅਰਮੈਨ ਦੇ ਧਿਆਨ ਵਿੱਚ ਇਹ ਵੀ ਲਿਆਂਦਾ ਗਿਆ ਕਿ ਮੋਗਾ ਦੇ ਪਿੰਡ ਘੋਲੀਆਂ ਕਲਾਂ ਵਿੱਚ ਇੱਕ ਮਿੱਟੀ ਦੀ ਜਾਂਚ ਸਬੰਧੀ ਲੈਬਾਰਟਰੀ ਸਥਾਪਿਤ ਕੀਤੀ ਗਈ ਏ । ਇਸ ਮੌਕੇ 'ਧਰਤੀ ਦੀਆਂ ਧੀਆਂ' ਦੇ ਇੱਕ ਨਵੇਂ ਵਿਚਾਰ ਦੀ ਸ਼ੁਰੂਆਤ ਵੀ ਹੋਈ ਜਿਸ ਵਿੱਚ ਔਰਤਾਂ ਨੂੰ ਵਾਤਾਵਰਣ ਸੰਭਾਲ ਆਗੂਆਂ ਵਜੋਂ ਪਾਲਣ-ਪੋਸ਼ਣ ਅਤੇ ਸਿਖਲਾਈ ਦੇਣਾ ਸ਼ਾਮਿਲ ਏ । ਸੂਬੇ ਦੇ 23 ਜ਼ਿਲ੍ਹਿਆਂ ਵਿੱਚ ਅਜਿਹੀਆਂ 100 ਮਹਿਲਾ ਆਗੂਆਂ ਦੀ ਚੋਣ ਕੀਤੀ ਜਾਵੇਗੀ। ਇਸ ਪਹਿਲਕਦਮੀ ਵਿੱਚ ਸਕੂਲ ਪੱਧਰ ਦੇ ਪ੍ਰੋਗਰਾਮ ਵੀ ਸ਼ਾਮਲ ਹਨ ਜੋ ਬੱਚਿਆਂ ਅਤੇ ਨੌਜਵਾਨਾਂ ਨੂੰ ਮਿੱਟੀ ਦੀ ਸਿਹਤ ਵਿੱਚ ਸੁਧਾਰ ਕਰਨ ਲਈ ਪ੍ਰੇਰਿਤ ਕਰਦੇ ਹਨ ਅਤੇ ਕਿਸਾਨਾਂ ਤੋਂ ਲੈ ਕੇ ਪਰਿਵਾਰਾਂ ਤੱਕ ਸਾਰੇ ਪਿੰਡਾਂ ਨੂੰ ਮਿੱਟੀ ਦੀ ਸਿਹਤ ਨੂੰ ਬਹਾਲ ਕਰਨ ਦੇ ਨੇਕ ਕਾਰਜ ਵਿੱਚ ਸਹਾਇਤਾ ਕਰਨ ਲਈ ਉਤਸ਼ਾਹਿਤ ਕਰਦੇ ਹਨ।

---------------------------------------------------------

ਗੁਰਦਾਸਪੁਰ ਦੇ ਸਠਿਆਲੀ ਹੈੱਡ ਵਰਕਸ ਨੇੜੇ ‘ਅੱਪਰ ਬਾਰੀ ਦੁਆਬ’ ਨਹਿਰ ਵਿੱਚ ਬੀਤੇ ਦਿਨੀ ਪਏ 100 ਫੁੱਟ ਦੇ ਪਾੜ੍ਹ ਨੂੰ ਪੂਰਨ ਦਾ ਕੱਮ ਅੱਜ ਵੀ ਜਾਰੀ ਏ। ਗੁਰਦਾਸਪੁਰ ਤੋਂ ਸਾਡੇ ਪੱਤਰਕਾਰ ਨੇ ਦਸਿਆ ਏ ਕਿ ਇਸ ਪਾੜ ਨੂੰ ਅਜੇ ਤਕ ਪੂਰਿਆ ਨਹੀਂ ਜਾ ਸਕਿਆ।

ਨਹਿਰੀ ਵਿਭਾਗ ਦੇ ਐਕਸੀਅਨ ਵਿਸ਼ਾਲ ਮਹਿਤਾ ਦਾ ਕਹਿਣਾ ਏ ਕਿ ਕੰਮ ਜੰਗੀ ਪੱਧਰ 'ਤੇ ਜਾਰੀ ਏ ਅਤੇ ਜਲਦ ਹੀ ਪਾੜ੍ਹ ਨੂੰ ਪੂਰ ਲਿਆ ਜਾਵੇਗਾ ਓਧਰ ਤਰਨਤਾਰਨ ਦੇ ਰਸੂਲਪੁਰ ਨੇੜੇ ਰਾਜਬਾਹ ਵਿੱਚ ਵੀ ਕੱਲ ਪਏ ਪਾੜ ਕਾਰਨ ਇਲਾਕੇ ਦੇ ਕਿਸਾਨਾਂ ਦੀ ਸੈਂਕੜੇ ਏਕੜ ਫਸਲ ਪਾਣੀ ਵਿੱਚ ਡੁੱਬ ਕੇ ਤਬਾਹ ਹੋ ਗਈ।ਜੀ ਨਾਲ ਕਿਸਾਨਾਂ ਨੂੰ ਵੱਡਾ ਨੁਕਸਾਨ ਹੋਇਆ ਏ। ਪ੍ਰਸ਼ਾਸਨ ਅਤੇ ਸਥਾਨਕ ਲੋਕਾਂ ਦੇ ਸਾਂਝੇ ਯਤਨਾਂ ਸਦਕਾ ਰਾਜਬਾਹ ਵਿੱਚ ਬੰਨ ਬਣਾ ਕੇ ਪਾਣੀ ਦੇ ਤੇਜ਼ ਵਹਾਅ ਨੂੰ ਕਾਬੂ ਕੀਤਾ ਗਿਆ, ਜਿਸ ਕਾਰਨ ਹੁਣ ਪਾਣੀ ਦਾ ਪੱਧਰ ਕਾਫੀ ਘੱਟ ਹੋ ਗਿਆ ਏ । ਪ੍ਰਭਾਵਿਤ ਕਿਸਾਨਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਏ ਕਿ ਫਸਲਾਂ ਦੇ ਹੋਏ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਕੇ ਪ੍ਰਭਾਵਿਤ ਕਿਸਾਨਾਂ ਨੂੰ ਯੋਗ ਮੁਆਵਜ਼ਾ ਦਿੱਤਾ ਜਾਵੇ ।

---------------------------------------------------

ਮਾਨਸਾ ਪੁਲੀਸ ਨੇ ਨਕਲੀ ਪੁਲੀਸ ਮੁਲਾਜ਼ਮ ਬਣ ਕੇ ਲੋਕਾਂ ਨੂੰ ਡਰਾ-ਧਮਕਾ ਕੇ ਠੱਗੀਆਂ ਮਾਰਨ ਵਾਲੇ ਗਿਰੋਹ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਏ । ਐਸ.ਪੀ.ਐਚ ਪ੍ਰਦੀਪ ਸਿੰਘ ਸੰਧੂ ਨੇ ਦੱਸਿਆ ਕਿ ਸ਼ਿਕਾਇਤਕਰਤਾ ਇਕਬਾਲ ਸਿੰਘ ਨੇ ਪੁਲਿਸ ਨੂੰ ਦੱਸਿਆ ਕਿ ਕੁਝ ਵਿਅਕਤੀਆਂ ਨੇ ਆਪਣੇ ਆਪ ਨੂੰ ਸੀ.ਆਈ.ਏ ਸਟਾਫ਼ ਦੱਸ ਕੇ ਉਨ੍ਹਾਂ ਨੂੰ ਨਸ਼ਾ ਤਸਕਰੀ ਦੇ ਮਾਮਲੇ ਵਿੱਚ ਫਸਾਉਣ ਦੀ ਧਮਕੀ ਦਿੱਤੀ। ਮੁਲਜ਼ਮਾਂ

ਨੇ ਪੀੜਤ ਨੂੰ ਡਰਾ ਕੇ ਮਾਮਲਾ ਰਫ਼ਾ-ਦਫ਼ਾ ਕਰਨ ਬਦਲੇ ਪਹਿਲਾਂ ਨਕਦ ਰਕਮ ਅਤੇ ਬਾਅਦ ਵਿੱਚ ਆਨਲਾਈਨ ਰਕਮ ਦੀ ਮੰਗ ਕੀਤੀ। ਪੁਲਿਸ ਵੱਲੋਂ ਕੀਤੀ ਗਈ ਤੁਰੰਤ ਜਾਂਚ ਦੌਰਾਨ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਗ੍ਰਿਫ਼ਤਾਰ ਕੀਤੇ ਤਿੰਨ ਮੁਲਜ਼ਮਾਂ ਖ਼ਿਲਾਫ਼ ਪਹਿਲਾਂ ਵੀ ਵੱਖ-ਵੱਖ ਥਾਣਿਆਂ ਵਿੱਚ ਕਈ ਅਪਰਾਧਿਕ ਮਾਮਲੇ ਦਰਜ ਨੇ । ਪੁਲੀਸ ਵੱਲੋਂ ਮੁਲਕਜ਼ਮਾਂ ਖ਼ਿਲਾਫ਼ ਥਾਣਾ ਝੁਨੀਰ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਏ ।

-------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ 26 ਜੂਨ ਤੱਕ ਗਰਜ-ਚਮਕ ਨਾਲ ਤੇਜ਼ ਹਵਾਵਾਂ ਚੱਲਣ ਸੰਬੰਧੀ YELLOW ਅਲਰਟ ਜਾਰੀ ਕੀਤਾ ਏ । ਇਸ ਦੌਰਾਨ, ਪੰਜਾਬ ਵਿੱਚ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਵੀ ਸੰਭਾਵਨਾ ਏ । ਅਗਲੇ 3 ਦਿਨਾਂ ਦੌਰਾਨ, ਵੱਧ ਤੋਂ ਵੱਧ ਤਾਪਮਾਨ ਵਿੱਚ 2 ਤੋਂ 3 ਡਿਗਰੀ ਸੈਲਸੀਅਸ ਦਾ ਵਾਧਾ ਵੀ ਹੋ ਸਕਦਾ ਏ । ਪਿਛਲੇ 24 ਘੰਟਿਆਂ ਵਿੱਚ, ਪੰਜਾਬ ਦੇ ਕੁਝ ਹਿੱਸਿਆਂ ਵਿੱਚ, ਹਲਕੀ ਬਾਰਿਸ਼ ਹੋਈ ਏ । ਅੱਜ ਪੰਜਾਬ ਦੇ ਪਟਿਆਲਾ ਵਿੱਚ ਵੱਧ ਤੋਂ ਵੱਧ ਤਾਪਮਾਨ 38.8 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਰੋਹਤਕ ਵਿੱਚ ਵੱਧ ਤੋਂ ਵੱਧ ਤਾਪਮਾਨ 41.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

-------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਰਾਸ਼ਟਰਪਤੀ ਭਵਨ ਵਿਖੇ ਦੂਜੇ ਨਾਗਰਿਕ ਸਨਮਾਨ ਸਮਾਰੋਹ ਵਿੱਚ 'ਪਦਮ ਪੁਰਸਕਾਰ' ਪ੍ਰਦਾਨ ਕੀਤੇ- ਡੇਰਾ ਸੱਚਖੰਡ ਬੱਲਾਂ ਤੋਂ ਅਧਿਆਤਮਿਕ ਗੁਰੂ ਸੰਤ ਨਿਰਜਨ ਦਾਸ ਜੀ ਅਤੇ ਚੰਡੀਗੜ੍ਹ ਤੋਂ ਇੰਦਰਜੀਤ ਸਿੰਘ ਸਿੱਧੂ ਨੂੰ 'ਪਦਮ ਸ੍ਰੀ' ਨਾਲ ਨਵਾਜ਼ਿਆ ਗਿਆ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਵਿੱਚ ਨਵ-ਨਿਯੁਕਤ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ।

- ਪੰਜਾਬ ਸਰਕਾਰ ਵਲੋਂ ਦਿਵਿਆਂਗਜਨਾ ਦੀ ਆਰਥਿਕ ਸੁਰੱਖਿਆ ਲਈ ਚਾਲੂ ਵਿੱਤੀ ਸਾਲ ਦੌਰਾਨ 125 ਕਰੋੜ ਤੋਂ ਵੱਧ ਦੀ ਰਾਸ਼ੀ ਜਾਰੀ।

- ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਦੇ ਅਚਨਚੇਤ ਨਿਰੀਖਣ ਪਿੱਛੋਂ ਸਫਾਈ ਵਿੱਚ ਊਣਤਾਈਆਂ ਕਰਕੇ ਮੋਗਾ ਦੇ ਨਗਰ ਨਿਗਮ ਕਮਿਸ਼ਨਰ ਨੂੰ ਕਾਰਨ ਦੱਸੋ ਨੋਟਿਸ ਜਾਰੀ ।

- ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ 26 ਜੂਨ ਤੱਕ ਗਰਜ-ਚਮਕ ਨਾਲ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਬਾਰੇ ਯੇਲੋ ਅਲਰਟ ਜਾਰੀ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7:30 ਵਜੇ ਨਮਸਕਾਰ** !